**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ,**
**ਐਸ.ਸੀ.ਓ. ਨੰ 104-106, ਸੈਕਟਰ 34-ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆਅਫਸਰ (ਸੈ.ਸਿ.)
2. ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ (ਵੈੱਬ ਸਾਈਟ ਰਾਹੀਂ)

ਮੀਮੋ ਨੰ ਏਐਸਪੀਡੀ/ਟੀਟੀ/2010/067254
ਮਿਤੀ ਚੰਡੀਗੜ੍ਹ 28 ਅਕਤੂਬਰ, 2010

**ਵਿਸ਼ਾ** **ਜਮਾਤਾਂ ਵਿੱਚ ਸਮਾਜਿਕ ਸਿੱਖਿਆ ਦੇ ਮੈਨੂਅਲਜ਼ ਅਤੇ ਫਲੈਸ਼ ਕਾਰਡਾਂ ਦੀ ਵਰਤੋਂ ਸਬੰਧੀ ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਆਪ ਜੀ ਨੂੰ ਪਤਾ ਹੋਵੇਗਾ ਕਿ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਦੇ ਮੰਤਵ ਨਾਲ ਇਸ ਸਾਲ ਅੰਗ੍ਰੇਜੀ ਅਤੇ ਸਮਾਜਿਕ ਸਿੱਖਿਆ ਦੇ ਪ੍ਰੋਜੈਕਟ ਨੂੰ ਵਿਸ਼ੇਸ਼ ਤੌਰ ਤੇ ਚਲਾਇਆ ਜਾ ਰਿਹਾ ਹੈ । ਇਸ ਕੰਮ ਨੂੰ ਸਿਰੇ ਚਾੜ੍ਹਣ ਲਈ ਵਿਭਾਗ ਵੱਲੋਂ ਵਿਸ਼ੇਸ਼ ਤੌਰ ਤੇ ਵਿਸ਼ਾ ਮਾਹਿਰਾਂ ਵੱਲੋਂ ਸਲੇਬਸ ਮੁਤਾਬਿਕ ਅਧਿਆਪਕਾਂ ਅਤੇ ਬੱਚਿਆਂ ਲਈ ਸਮਾਨ ਤਿਆਰ ਕਰਵਾਇਆ ਗਿਆ ਹੈ। ਇਹ ਸਮਾਨ ਅਤੇ ਸਮਾਜਿਕ ਸਿੱਖਿਆ ਦੇ ਫਲੈਸ਼ ਕਾਰਡ ਸਾਰੇ ਸਕੂਲਾਂ ਵਿੱਚ ਪਹੁੰਚਾਏ ਜਾ ਚੁੱਕੇ ਹਨ । ਇਸ ਸਬੰਧੀ ਸਮੂਹ ਸਮਾਜਿਕ ਸਿੱਖਿਆ ਦੇ ਅਧਿਆਪਕਾਂ ਨੂੰ ਇਸ ਦੀ ਟ੍ਰੇਨਿੰਗ ਵੀ ਦਿੱਤੀ ਗਈ ਹੈ । ਪਰੰਤੂ ਸਕੂਲਾਂ ਦੇ ਨਿਰੀਖਣਾਂ ਦੌਰਾਨ ਇਹ ਗੱਲ ਧਿਆਨ ਵਿੱਚ ਆਈ ਹੈ ਕਿ ਅਧਿਆਪਕਾਂ ਵੱਲੋਂ ਟ੍ਰੇਨਿੰਗ ਦੌਰਾਨ ਦਿੱਤੀਆਂ ਹਦਾਇਤਾਂ ਅਨੁਸਾਰ ਵਿਦਿਆਰਥੀਆਂ ਦੀ ਪੜ੍ਹਾਈ ਨਹੀਂ ਕਰਵਾਈ ਜਾ ਰਹੀਂ । ਸਮਾਜਿਕ ਸਿੱਖਿਆ ਦੇ ਅਧਿਆਪਕ ਪਹਿਲਾਂ ਵਾਂਗ ਹੀ ਕਿਸੇ ਵਿਦਿਆਰਥੀ ਨੂੰ ਪਾਠ ਪੜ੍ਹਣ ਲਈ ਕਹਿ ਦਿੰਦੇ ਹਨ ਅਤੇ ਵਿਦਿਆਰਥੀਆਂ ਨੂੰ ਘਰ ਤੋਂ ਪਾਠ ਤਿਆਰ ਕਰਨ ਅਤੇ ਅਭਿਆਸ ਦੇ ਪ੍ਰਸ਼ਨ-ਉੱਤਰ ਲਿਖ ਕੇ ਲਿਆਉਣ ਲਈ ਕਹਿ ਦਿੱਤਾ ਜਾਂਦਾ ਹੈ । ਇਸ ਨਾਲ ਵਿਦਿਆਰਥੀਆਂ ਨੂੰ ਵਿਸ਼ੇ ਦੀ ਕੋਈ ਸਮਝ ਨਹੀਂ ਲਗਦੀ ਅਤੇ ਵਿਦਿਆਰਥੀ ਇਸ ਰੋਚਕ ਵਿਸ਼ੇ ਨੂੰ ਬੋਝ ਮੰਨ ਲੈਂਦੇ ਹਨ ।

3.0 ਇਨ੍ਹਾਂ ਸਾਰੀਆਂ ਗੱਲਾਂ ਨੂੰ ਮੁੱਖ ਰੱਖਦਿਆ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਜ਼ਿਲ੍ਹੇ ਦੇ ਸਮਾਜਿਕ ਸਿੱਖਿਆ ਦੇ ਅਧਿਆਪਕਾਂ ਨੂੰ ਹੇਠ ਲਿਖੇ ਅਨੁਸਾਰ ਹਦਾਇਤਾਂ ਦਿੱਤੀਆ ਜਾਣ ਅਤੇ ਇਨ੍ਹਾਂ ਅਨੁਸਾਰ ਕੰਮ ਕਰਨ ਲਈ ਪ੍ਰੇਰਿਤ ਕੀਤਾ ਜਾਵੇ :-

3.1 ਸਮਾਜਿਕ ਸਿੱਖਿਆ ਦੇ ਅਧਿਆਪਕ ਜਦੋਂ ਵੀ ਕਲਾਸ ਵਿੱਚ ਜਾਂਦੇ ਹਨ ਤਾਂ ਇਸ ਵਿਸ਼ੇ ਬਾਰੇ ਆਪਣੀ ਪੂਰੀ ਤਿਆਰੀ ਕਰਕੇ ਕਲਾਸ ਵਿੱਚ ਜਾਣ ਅਤੇ ਆਪਣੇ ਨਾਲ ਸਪਲੀਮੈਂਟਰੀ ਮੈਟੀਰੀਅਲ, ਫਲੈਸ਼ ਕਾਰਡ, ਮੈਪ ਅਤੇ ਹੋਰ ਸਮਾਨ ਲੈ ਕੇ ਜਾਣ ।

3.2 ਅਧਿਆਪਕਾਂ ਨੂੰ ਕਿਹਾ ਜਾਵੇ ਕਿ ਬਲੈਕ ਬੋਰਡ ਤੇ ਮੋਟੇ ਮੋਟੇ ਤੌਰ ਤੇ ਲਿਖ ਕੇ ਵਿਦਿਆਰਥੀਆਂ ਨੂੰ ਸਮਝਾਉਣ ਅਤੇ ਇਸ ਦੇ ਨਾਲ ਨਕਸ਼ੇ ਅਤੇ ਫਲੈਸ਼ ਕਾਰਡ ਬਾਰੇ ਪੂਰੀ ਜਾਣਕਾਰੀ ਦਿੱਤੀ ਜਾਵੇ ।

3.3 ਜਿੱਥੇ ਤੀਕ ਸੰਭਵ ਹੋਵੇ ਅਧਿਆਪਕਾਂ ਨੂੰ ਚਾਹੀਦਾ ਹੈ ਕਿ ਉਹ ਇੰਟਰਨੈਟ ਤੋਂ ਵਿਸ਼ੇ ਦੇ ਨਾਲ ਜੁੜੇ ਹੋਰ ਮੁੱਦਿਆਂ ਬਾਰੇ ਜਾਣਕਾਰੀ ਇਕੱਠੀ ਕਰਕੇ ਵਿਦਿਆਰਥੀਆਂ ਨਾਲ ਸਾਂਝੀ ਕਰਨ ਤਾਂ ਜੋ ਵਿਸ਼ੇ ਨੂੰ ਹੋਰ ਵੀ ਰੋਚਕ ਬਣਾਇਆ ਜਾ ਸਕੇ ।

3.4 ਫਲੈਸ਼ ਕਾਰਡ ਵਿੱਚ ਦਿੱਤੇ ਤੱਥ ਅਤੇ ਅੰਕੜਿਆਂ ਬਾਰੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਦੱਸਿਆ ਜਾਵੇ ।

3.5 ਵਿਭਾਗ ਵੱਲੋਂ ਦਿੱਤੇ ਮੈਨੂਅਲ ਵਿੱਚ ਦਿੱਤੀਆਂ ਹਦਾਇਤਾਂ ਤੇ ਪੂਰੀ ਤਰ੍ਹਾਂ ਧਿਆਨ ਕੇਂਦਰਿਤ ਕੀਤਾ ਜਾਵੇ ਅਤੇ ਇਨ੍ਹਾਂ ਦੀ ਪਾਲਨਾ ਕੀਤੀ ਜਾਵੇ । ਇਹ ਬੇਹਤਰ ਹੋਵੇਗਾ ਜੇਕਰ ਸਕੂਲ ਮੁੱਖੀ ਵੀ ਇਸ ਮੈਨੂਅਲ ਨੂੰ ਇਕ ਵਾਰ ਚੰਗੀ ਤਰ੍ਹਾਂ ਪੜ੍ਹ ਲੈਣ ਅਤੇ ਸਬੰਧਤ ਅਧਿਆਪਕਾਂ ਨਾਲ ਰਾਬਤਾ ਕਾਇਮ ਰੱਖ ਕੇ ਇਸ ਵਿਸ਼ੇ ਨੂੰ ਰੋਚਕ ਬਨਾਉਣ ਦੀ ਪੂਰੀ ਕੋਸ਼ਿਸ਼ ਕਰਨ ।

3.6 ਜੇਕਰ ਲੋੜ ਹੋਵੇ ਤਾਂ ਆਪਣੇ ਸਕੂਲ ਲਈ ਤੈਨਾਤ ਈ.ਐਮ.ਟੀ.ਨਾਲ ਰਾਬਤਾ ਕਾਇਮ ਕਰਕੇ ਲੋੜੀਂਦਾ ਸਪੱਸ਼ਟੀਕਰਨ ਜਾਂ ਸਲਾਹ ਲੈ ਲਈ ਜਾਵੇ ਜੀ ।

4.0 ਇਨ੍ਹਾਂ ਹਦਾਇਤਾਂ ਨੂੰ ਜ਼ਰੂਰੀ ਸਮਝਿਆ ਜਾਵੇ ਅਤੇ ਇਨ੍ਹਾਂ ਦੀ ਪਾਲਨਾ ਨੂੰ ਯਕੀਨੀ ਬਣਾਇਆ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਪਿਠ ਅੰਕਣ ਨੰ ਏਐਸਪੀਡੀ/ਟੀਟੀ/2010/067255-57 ਮਿਤੀ 28.10.2010

ਇਸ ਦਾ ਇਕ ਉਤਾਰਾ ਹੇਠਾ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

(1) ਰਾਜ ਦੇ ਸਮੂਹ ਜ਼ਿਲ੍ਹਾ ਕੋਆਰਡੀਨੇਟਰ (ਅੰਗ੍ਰੇਜ਼ੀ ਅਤੇ ਐਸ.ਐਸ.)

(2) ਰਾਜ ਦੇ ਸਮੂਹ ਇੰਗਲਿਸ਼ ਮਾਸਟਰ ਟ੍ਰੇਨਰਜ (ਵੈੱਬਸਾਇਟ ਰਾਹੀਂ)

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ